**ਸਤਿਗੁਰੁ ਦਾਤਾ ਆਖੀਐ ਤੁਸਿ ਕਰੇ ਪਸਾਓ ॥ ਹਉ ਗੁਰ ਵਿਟਹੁ ਸਦ ਵਾਰਿਆ ਜਿਨਿ ਦਿਤੜਾ ਨਾਓ ॥੧੬॥ ਸੋ ਧੰਨੁ ਗੁਰੂ ਸਾਬਾਸਿ ਹੈ ਹਰਿ ਦੇਇ ਸਨੇਹਾ ॥ ਹਉ ਵੇਖਿ ਵੇਖਿ ਗੁਰੂ ਵਿਗਸਿਆ ਗੁਰ ਸਤਿਗੁਰ ਦੇਹਾ ॥੧੭॥ ਗੁਰ ਰਸਨਾ ਅੰਮ੍ਰਿਤੁ ਬੋਲਦੀ ਹਰਿ ਨਾਮਿ ਸੁਹਾਵੀ ॥ ਜਿਨ ਸੁਣਿ ਸਿਖਾ ਗੁਰੁ ਮੰਨਿਆ ਤਿਨਾ ਭੁਖ ਸਭ ਜਾਵੀ ॥੧੮॥ ਹਰਿ ਕਾ ਮਾਰਗੁ ਆਖੀਐ ਕਹੁ ਕਿਤੁ ਬਿਧਿ ਜਾਈਐ ॥ ਹਰਿ ਹਰਿ ਤੇਰਾ ਨਾਮੁ ਹੈ ਹਰਿ ਖਰਚੁ ਲੈ ਜਾਈਐ ॥੧੯॥ ਜਿਨ ਗੁਰਮੁਖਿ ਹਰਿ ਆਰਾਧਿਆ ਸੇ ਸਾਹ ਵਡ ਦਾਣੇ ॥ ਹਉ ਸਤਿਗੁਰ ਕਉ ਸਦ ਵਾਰਿਆ ਗੁਰ ਬਚਨਿ ਸਮਾਣੇ ॥੨੦॥ ਤੂ ਠਾਕੁਰੁ ਤੂ ਸਾਹਿਬੋ ਤੂਹੈ ਮੇਰਾ ਮੀਰਾ ॥ ਤੁਧੁ ਭਾਵੈ ਤੇਰੀ ਬੰਦਗੀ ਤੂ ਗੁਣੀ ਗਹੀਰਾ ॥੨੧॥ ਆਪੇ ਹਰਿ ਇਕ ਰੰਗੁ ਹੈ ਆਪੇ ਬਹੁ ਰੰਗੀ ॥ ਜੋ ਤਿਸੁ ਭਾਵੈ ਨਾਨਕਾ ਸਾਈ ਗਲ ਚੰਗੀ ॥੨੨॥੨॥** {ਪੰਨਾ 726}

ਪਦਅਰਥ:- ਦਾਤਾ—(ਨਾਮ ਦੀ ਦਾਤਿ) ਦੇਣ ਵਾਲਾ। ਆਖੀਐ—ਆਖਣਾ ਚਾਹੀਦਾ ਹੈ। ਤੁਸਿ—ਤ੍ਰੁੱਠ ਕੇ। ਪਸਾਓ —ਪ੍ਰਸਾਦੁ, ਕਿਰਪਾ। ਹਉ —ਮੈਂ। ਵਿਟਹੁ —ਤੋਂ। ਵਾਰਿਆ —ਕੁਰਬਾਨ। ਜਿਨਿ —ਜਿਸ (ਗੁਰੂ) ਨੇ। ਨਾਓ—ਨਾਉ, ਨਾਮ। 16।

ਧੰਨੁ—ਸਲਾਹੁਣ-ਜੋਗ। ਦੇਇ—ਦੇਂਦਾ ਹੈ। ਸਨੇਹਾ —ਉਪਦੇਸ਼। ਵੇਖਿ—ਵੇਖ ਕੇ। ਵਿਗਸਿਆ —ਖਿੜ ਪਿਆ ਹਾਂ। ਗੁਰ ਦੇਹਾ—ਗੁਰੂ ਦਾ ਸਰੀਰ। 17।

ਰਸਨਾ—ਜੀਭ। ਅੰਮ੍ਰਿਤੁ —ਆਤਮਕ ਜੀਵਨ ਦੇਣ ਵਾਲਾ ਹਰਿ -ਨਾਮ। ਨਾਮਿ —ਨਾਮ ਦੀ ਰਾਹੀਂ। ਸੁਹਾਵੀ—ਸੋਹਣੀ। ਜਿਨ—ਜਿਨ੍ਹਾਂ ਨੇ {ਲਫ਼ਜ਼ 'ਜਿਨਿ' ਅਤੇ 'ਜਿਨ' ਦਾ ਫ਼ਰਕ ਵੇਖੋ}। ਸਿਖਾ—ਸਿੱਖਾਂ (ਨੇ)। ਜਾਵੀ—ਦੂਰ ਹੋ ਜਾਂਦੀ ਹੈ। 18।

ਮਾਰਗੁ—ਰਸਤਾ। ਕਹੁ—ਦੱਸੋ। ਕਿਤੁ ਬਿਧਿ—ਕਿਸ ਤਰੀਕੇ ਨਾਲ?। 19।

ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੇ—ਉਹ {ਬਹੁ-ਵਚਨ}। ਸਾਹ—ਸ਼ਾਹ। ਦਾਣੇ—ਸਿਆਣੇ, ਦਾਨੇ। ਸਦ—ਸਦਾ। ਗੁਰ ਬਚਨਿ—ਗੁਰੂ ਦੇ ਬਚਨ ਦੀ ਰਾਹੀਂ। 20।

ਸਾਹਿਬੋ—ਸਾਹਿਬੁ, ਮਾਲਕ। ਮੀਰਾ —ਸਰਦਾਰ, ਪਾਤਿਸ਼ਾਹ। ਤੁਧੁ —ਤੈਨੂੰ। ਗੁਣੀ —ਗੁਣਾਂ ਦਾ ਮਾਲਕ। ਗਹੀਰਾ—ਡੂੰਘੇ ਜਿਗਰੇ ਵਾਲਾ। 21।

ਆਪੇ—ਆਪ ਹੀ। ਇਕ ਰੰਗੁ—ਇਕ ਸਰੂਪ ਵਾਲਾ। ਬਹੁ ਰੰਗੀ—ਅਨੇਕਾਂ ਸਰੂਪਾਂ ਵਾਲਾ। 22।

ਅਰਥ:- ਹੇ ਭਾਈ! ਗੁਰੂ ਨੂੰ (ਹੀ ਨਾਮ ਦੀ ਦਾਤਿ) ਦੇਣ ਵਾਲਾ ਆਖਣਾ ਚਾਹੀਦਾ ਹੈ। ਗੁਰੂ ਤੱੁਰੁਠ ਕੇ (ਨਾਮ ਦੇਣ ਦੀ) ਕਿਰਪਾ ਕਰਦਾ ਹੈ। ਮੈਂ (ਤਾਂ) ਸਦਾ ਗੁਰੂ ਤੋਂ (ਹੀ) ਕੁਰਬਾਨ ਜਾਂਦਾ ਹਾਂ, ਜਿਸ ਨੇ (ਮੈਨੂੰ) ਪਰਮਾਤਮਾ ਦਾ ਨਾਮ ਦਿੱਤਾ ਹੈ। 16।

ਹੇ ਭਾਈ! ਉਹ ਗੁਰੂ ਸਲਾਹੁਣ -ਜੋਗ ਹੈ, ਉਸ ਗੁਰੂ ਦੀ ਵਡਿਆਈ ਕਰਨੀ ਚਾਹੀਦੀ ਹੈ , ਜੇਹੜਾ ਪਰਮਾਤਮਾ ਦਾ ਨਾਮ ਜਪਣ ਦਾ ਉਪਦੇਸ਼ ਦੇਂਦਾ ਹੈ। ਮੈਂ (ਤਾਂ) ਗੁਰੂ ਨੂੰ ਵੇਖ ਵੇਖ ਕੇ ਗੁਰੂ ਦਾ (ਸੋਹਣਾ) ਸਰੀਰ ਵੇਖ ਕੇ ਖਿੜ ਰਿਹਾ ਹਾਂ। 17।

ਹੇ ਭਾਈ! ਗੁਰੂ ਦੀ ਜੀਭ ਆਤਮਕ ਜੀਵਨ ਦੇਣ ਵਾਲਾ ਹਰਿ -ਨਾਮ ਉਚਾਰਦੀ ਹੈ, ਹਰਿ-ਨਾਮ (ਉਚਾਰਨ ਦੇ ਕਾਰਨ ਸੋਹਣੀ ਲੱਗਦੀ ਹੈ। ਜਿਨ੍ਹਾਂ ਭੀ ਸਿੱਖਾਂ ਨੇ (ਗੁਰੂ ਦਾ ਉਪਦੇਸ਼) ਸੁਣ ਕੇ ਗੁਰੂ ਉੱਤੇ ਯਕੀਨ ਲਿਆਂਦਾ ਹੈ, ਉਹਨਾਂ ਦੀ (ਮਾਇਆ ਦੀ) ਸਾਰੀ ਭੁੱਖ ਦੂਰ ਹੋ ਗਈ ਹੈ। 18।

ਹੇ ਭਾਈ! (ਹਰਿ-ਨਾਮ ਸਿਮਰਨ ਹੀ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਕਿਹਾ ਜਾਂਦਾ ਹੈ। ਹੇ ਭਾਈ! ਦੱਸ, ਕਿਸ ਤਰੀਕੇ ਨਾਲ (ਇਸ ਰਸਤੇ ਉੱਤੇ) ਤੁਰ ਸਕੀਦਾ ਹੈ? ਹੇ ਪ੍ਰਭੂ! ਤੇਰਾ ਨਾਮ ਹੀ (ਰਸਤੇ ਦਾ) ਖ਼ਰਚ ਹੈ, ਇਹ ਖ਼ਰਚ ਪੱਲੇ ਬੰਨ੍ਹ ਕੇ (ਇਸ ਰਸਤੇ ਉੱਤੇ) ਤੁਰਨਾ ਚਾਹੀਦਾ ਹੈ। 19।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਹੈ ਉਹ ਵੱਡੇ ਸਿਆਣੇ ਸ਼ਾਹ ਬਣ ਗਏ ਹਨ। ਮੈਂ ਸਦਾ ਗੁਰੂ ਤੋਂ ਕੁਰਬਾਨ ਜਾਂਦਾ ਹਾਂ , ਗੁਰੂ ਦੇ ਬਚਨ ਦੀ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਲੀਨ ਹੋ ਸਕੀਦਾ ਹੈ। 20।

ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ ਤੂੰ ਮੇਰਾ ਸਾਹਿਬ ਹੈਂ, ਤੂੰ ਹੀ ਮੇਰਾ ਪਾਤਿਸ਼ਾਹ ਹੈਂ। ਜੇ ਤੈਨੂੰ ਪਸੰਦ ਆਵੇ, ਤਾਂ ਹੀ ਤੇਰੀ ਭਗਤੀ ਕੀਤੀ ਜਾ ਸਕਦੀ ਹੈ। ਤੂੰ ਗੁਣਾਂ ਦਾ ਖ਼ਜ਼ਾਨਾ ਹੈਂ , ਤੂੰ ਡੂੰਘੇ ਜਿਗਰੇ ਵਾਲਾ ਹੈਂ। 21।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਆਪ ਹੀ (ਨਿਰਗੁਣ ਸਰੂਪ ਵਿਚ) ਇਕੋ ਇਕ ਹਸਤੀ ਹੈ, ਤੇ, ਆਪ ਹੀ (ਸਰਗੁਣ ਸਰੂਪ ਵਿਚ) ਅਨੇਕਾਂ ਰੂਪਾਂ ਵਾਲਾ ਹੈ। ਜੇਹੜੀ ਗੱਲ ਉਸ ਨੂੰ ਚੰਗੀ ਲੱਗਦੀ ਹੈ, ਉਹੀ ਗੱਲ ਜੀਵਾਂ ਦੇ ਭਲੇ ਵਾਸਤੇ ਹੁੰਦੀ ਹੈ। 22।2।